ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ।
(ਕੋਆਰਡੀਨੇਸ਼ਨ ਸ਼ਾਖਾ)

ਸੇਵਾ ਵਿਖੇ

3.0 ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।

4.0 ਸਮੂਹ ਸਕੂਲ ਮੁਖੀ, ਪੰਜਾਬ

ਮੀਮੋ ਨੰ. 247950/੨੦੨੨੩੨੫੧੬

ਮਿਤੀ 07.02.2022

ਵਿਸ਼ਾ: ਉੱਘੀ ਗਾਇਕਾ ਕੁਮਾਰੀ ਲਤਾ ਮੰਗੇਸ਼ਕਰ ਜੀ ਦੇ ਦਿਹਾਂਤ ਤੇ ਰਾਜਸੀ ਸ਼ੋਕ ਰੱਖਣ ਸਬੰਧੀ।

ਹਵਾਲਾ: ਪੰਜਾਬ ਸਰਕਾਰ, ਆਮ ਰਾਜ ਪ੍ਰਬੰਧ ਵਿਭਾਗ (ਰਾਜਨੀਤੀ-1 ਸ਼ਾਖਾ) ਦਾ ਪੱਤਰ ਨੰ. GAD-POL0DHD/2/2022-3POL-I/001 ਮਿਤੀ 06.02.2022

1.0 ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਰਾਹੀਂ ਉੱਘੀ ਗਾਇਕਾ ਕੁਮਾਰੀ ਲਤਾ ਮੰਗੇਸ਼ਕਰ ਜੀ ਦੇ ਸਤਿਕਾਰ ਨੂੰ ਮੁੱਖ ਰੱਖਦੇ ਹੋਏ ਰਾਜ ਸਰਕਾਰ ਵੱਲੋਂ ਮਿਤੀ 06.02.2022 ਤੋਂ 07.02.2022 ਤੱਕ ਪੰਜਾਬ ਰਾਜ ਵਿੱਚ 2 ਦਿਨ ਦਾ ਰਾਜਸੀ ਸ਼ੋਕ ਘੋਸ਼ਿਤ ਕੀਤਾ ਗਿਆ ਹੈ। ਇਸ ਦਿਨ ਸਰਕਾਰੀ ਦਫਤਰਾਂ ਵਿੱਚ ਕੋਈ ਵੀ ਮਨੋਰੰਜਨ (official Entertainment) ਆਦਿ ਨਹੀਂ ਹੋਵੇਗਾ।

2.0 ਆਪ ਨੂੰ ਹਦਾਇਤਾਂ ਦੀ ਕਾਪੀ ਇੰਨ –ਬਿੰਨ ਪਾਲਣਾ ਹਿੱਤ ਭੇਜੀ ਜਾਂਦੀ ਹੈ।

ਨੱਥੀ: ਉਕਤ ਅਨੁਸਾਰ

(ਜਸਕੀਰਤ ਕੌਰ)
ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਪਿੱ.ਅੰ.ਨੰ.ਉਕਤ/ ੨੦੨੨ ੩੨੫੧੬ ਮਿਤੀ 07.02.2022

ਉਤਾਰਾ ਹੇਠ ਲਿਖਿਆ ਨੂੰ ਇੰਨ-ਬਿੰਨ ਪਾਲਣਾ ਹਿੱਤ ਭੇਜਿਆ ਜਾਦਾ ਹੈ:-

1.0 ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।

**2.0** ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦਫਤਰ ਡੀ.ਪੀ.ਆਈ. (ਸੈਸਿ/ਐਸਿ), ਪੰਜਾਬ

**3.0** ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦਫਤਰ ਡੀ.ਜੀ.ਐਸ.ਈ. ਪੰਜਾਬ।

**4.0** ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦਫਤਰ ਡਾਰ. ਐਸ.ਸੀ.ਈ.ਆਰ.ਟੀ. ਪੰਜਾਬ।

(ਜਸਕੀਰਤ ਕੌਰ)
ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

GAD-POL0DHD/2/2022-3 POL-1/001

ਪੰਜਾਬ ਸਰਕਾਰ
ਆਮ ਰਾਜ ਪ੍ਰਬੰਧ ਵਿਭਾਗ
(ਰਾਜਨੀਤੀ-1 ਸਾਖਾ)

ਸੇਵਾ ਵਿਖੇ

1. ਰਾਜ ਦੇ ਸਮੂਹ ਡਵੀਜ਼ਨਾਂ ਦੇ ਕਮਿਸ਼ਨਰ।
2. ਰਾਜ ਦੇ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ।

**ਵਿਸ਼ਾ : ਉੱਘੀ ਗਾਇਕਾ ਕੁਮਾਰੀ ਲਤਾ ਮੰਗੇਸ਼ਕਰ ਜੀ ਦੇ ਦਿਹਾਂਤ ਤੇ ਰਾਜਸੀ ਸ਼ੋਕ ਰੱਖਣ ਸਬੰਧੀ।**

ਉਪਰੋਕਤ ਵਿਸੇ ਦੇ ਸਬੰਧ ਵਿੱਚ।

2. ਆਪ ਜੀ ਨੂੰ ਬੜੇ ਦੁੱਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਦੇਸ਼ ਦੀ ਉੱਘੀ ਗਾਇਕਾ ਕੁਮਾਰੀ ਲਤਾ ਮੰਗੇਸ਼ਕਰ (92) ਦਾ ਮਿਤੀ 06.02.2022 ਨੂੰ ਮੁੰਬਈ ਵਿਖੇ ਦਿਹਾਂਤ ਹੋ ਗਿਆ ਹੈ। ਇਸ ਸਬੰਧੀ ਗ੍ਰਹਿ ਮੰਤਰਾਲੇ, ਭਾਰਤ ਸਰਕਾਰ, ਨਵੀਂ ਦਿੱਲੀ ਵੱਲੋਂ ਸਮੂਹ ਰਾਜਾਂ ਦੇ ਮੁੱਖ ਸਕੱਤਰ ਸਾਹਿਬਾਨ ਨੂੰ ਪੱਤਰ ਲਿਖਦਿਆਂ ਮਿਤੀ 06.02.2022 ਤੋਂ 07.02.2022 ਤੱਕ 2 ਦਿਨ ਦਾ ਰਾਜਸੀ ਸ਼ੋਕ ਰੱਖਣ ਅਤੇ ਰਾਸ਼ਟਰੀ ਝੰਡਾ Half Mast ਰੱਖਣ ਦੇ ਆਦੇਸ਼ ਦਿੱਤੇ ਹਨ। ਆਪ ਨੂੰ ਗ੍ਰਹਿ ਮੰਤਰਾਲੇ ਵੱਲੋਂ ਭੇਜੇ ਪੱਤਰ ਦੀ ਕਾਪੀ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਮ੍ਰਿਤਕ ਸਖਸ਼ੀਅਤ ਦੇ ਸਤਿਕਾਰ ਨੂੰ ਮੁੱਖ ਰੱਖਦੇ ਹੋਏ ਰਾਜ ਸਰਕਾਰ ਵੱਲੋਂ ਮਿਤੀ 06.02.2022 ਤੋਂ 07.02.2022 ਤੱਕ ਪੰਜਾਬ ਰਾਜ ਵਿਚ 2 ਦਿਨ ਦਾ ਰਾਜਸੀ ਸ਼ੋਕ ਘੋਸ਼ਿਤ ਕੀਤਾ ਜਾਂਦਾ ਹੈ। ਇਸ ਦਿਨ ਸਰਕਾਰੀ ਦਫ਼ਤਰਾਂ ਵਿਚ ਕੋਈ ਵੀ ਮਨੋਰੰਜਨ (Official Entertainment) ਆਦਿ ਨਹੀਂ ਹੋਵੇਗਾ।

3. ਰਾਜ ਦੇ ਸਮੂਹ ਸਬੰਧਤ ਅਧਿਕਾਰੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਸੁਪਰਡੰਟ
06.02.2022

ਇਸ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1. ਪੰਜਾਬ ਰਾਜ ਦੇ ਸਮੂਹ ਵਿਸ਼ੇਸ਼/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ, ਸਕੱਤਰ, ਪ੍ਰਬੰਧਕੀ ਸਕੱਤਰ।
2. ਪ੍ਰਮੁੱਖ ਸਕੱਤਰ/ਰਾਜਪਾਲ, ਪੰਜਾਬ।
3. ਵਿਸ਼ੇਸ਼ ਪ੍ਰਮੁੱਖ ਸਕੱਤਰ/ਮੁੱਖ ਮੰਤਰੀ ਪੰਜਾਬ।
4. ਪ੍ਰਮੁੱਖ ਸਕੱਤਰ/ਮੁੱਖ ਮੰਤਰੀ ਪੰਜਾਬ।
5. ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ।
6. ਡਾਇਰੈਕਟਰ ਜਨਰਲ ਆਫ਼ ਪੁਲਿਸ, ਪੰਜਾਬ।
7. ਪੰਜਾਬ ਰਾਜ ਦੀਆਂ ਸਮੂਹ ਯੂਨੀਵਰਸਿਟੀਆਂ ਦੇ ਵਾਈਸਚਾਂਸਲਰ।
8. ਸਕੱਤਰ/ਸਪੀਕਰ, ਪੰਜਾਬ ਵਿਧਾਨ ਸਭਾ।
9. ਸਕੱਤਰ/ਮੁੱਖ ਸਕੱਤਰ, ਪੰਜਾਬ।
10. ਵਿਸ਼ੇਸ਼ ਸਕੱਤਰ/ਸਕੱਤਰ/ਨਿੱਜੀ ਸਕੱਤਰ/ਸਮੂਹ ਮੰਤਰੀ ਸਾਹਿਬਾਨ।
11. ਸਕੱਤਰ, ਪੰਜਾਬ ਵਿਧਾਨ ਸਭਾ।
12. ਪ੍ਰਮੁੱਖ ਸਥਾਨਕ ਕਮਿਸ਼ਨਰ, ਪੰਜਾਬ ਭਵਨ, ਦਿੱਲੀ।
13. ਸਮੂਹ ਵਿਭਾਗਾਂ ਦੇ ਮੁਖੀ।
14. ਪੰਜਾਬ ਸਰਕਾਰ ਦੇ ਸਮੂਹ ਕਾਰਪੋਰੇਸ਼ਨਾਂ/ਬੋਰਡਾਂ ਦੇ ਚੇਅਰਮੈਨ/ਮੈਨੇਜਿੰਗ ਡਾਇਰੈਕਟਰ।
15. ਡਾਇਰੈਕਟਰ ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ।
16. ਇੰਚਾਰਜ, ਸਿਵਲ ਕੰਟਰੋਲ ਰੂਮ, ਪੰਜਾਬ ਸਿਵਲ ਸਕੱਤਰੇਤ।

ਸੁਪਰਡੰਟ
06.02.2022

Scanned by TapScanner